# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 19 ਜੁਲਾਈ 2025 ਦਿਨ ਸ਼ਨੀਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸ ਸ ਸ ਸਕੂਲ ਉਭਾਵਾਲ ਵਿਖੇ ਤਰਕਸ਼ੀਲ ਪ੍ਰੋਗਰਾਮ

### ਸੱਤਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਜਾਣਕਾਰੀ ਦਿੱਤੀ

### ਐਂਟਰੀ ਫ਼ਾਰਮ ਪ੍ਰਾਪਤ ਕਰਨ ਦੀ ਅੰਤਿਮ ਮਿਤੀ 31 ਜੁਲਾਈ

ਸਰੀ, 18 ਜੁਲਾਈ : ਕੈਨੇਡਾ ਦੇ ਪੁਰਾਤਨ ਇਤਿਹਾਸ ਵਿੱਚ ਪ੍ਰਵਾਸੀ ਪੰਜਾਬੀਆਂ ਨਾਲ ਹੋਈਆਂ ਨਸਲਵਾਦੀ ਵਧੀਕੀਆਂ ਦੇ ਮੱਦੇ-ਨਜ਼ਰ ਸਿਟੀ ਆਫ ਸਰੀ ਦੀ ਮੇਅਰ ਬਰਿੰਡਾ ਲੌਕ ਵੱਲੋਂ 'ਗੁਰੂ ਨਾਨਕ ਜਹਾਜ਼ ਨੂੰ ਸਮਰਪਿਤ ਐਲਾਨਨਾਮਾ' ਜਾਰੀ ਕੀਤਾ ਗਿਆ। ਜ਼ਿਕਰਯੋਗ ਹੈ ਕਿ 23 ਜੁਲਾਈ 1914 ਨੂੰ ਗੁਰੂ ਨਾਨਕ ਜਹਾਜ਼ ਕੈਨੇਡਾ ਦੀ ਧਰਤੀ ਤੋਂ, ਨਸਲੀ ਵਿਤਕਰੇ ਤੇ ਅਣਮਨੁੱਖੀ ਤਸ਼ੱਦਦ ਕਰਦਿਆਂ ਵਾਪਸ ਮੋੜ ਦਿੱਤਾ ਗਿਆ ਸੀ। ਗੁਰੂ ਨਾਨਕ ਜਹਾਜ਼ ਦੀ 111ਵੀਂ ਯਾਦਗਾਰੀ ਵਰ੍ਹੇ-ਗੰਢ 'ਤੇ ਸਿਟੀ ਆਫ ਸਰੀ ਨੇ 23 ਜੁਲਾਈ ਦੇ ਦਿਹਾੜੇ ਨੂੰ 'ਗੁਰੂ ਨਾਨਕ ਜਹਾਜ਼ ਰਿਮੈਬਰੈਂਸ ਡੇਅ' ਐਲਾਨ ਕੀਤਾ ਹੈ।



ਮੇਅਰ ਬਰਿੰਡਾ ਲੌਕ ਵੱਲੋਂ ਇਹ ਪ੍ਰੋਕਲੇਮੇਸ਼ਨ ਕੌਂਸਲ ਦੀ 14 ਜੁਲਾਈ ਦੀ ਮੀਟਿੰਗ ਵਿੱਚ ਰੱਖਿਆ ਗਿਆ, ਜਿਸ ਨੂੰ ਕੌਂਸਲਰ ਹੈਰੀ ਬੈਂਸ ਨੇ ਪੜ੍ਹਿਆ। ਮੇਅਰ ਨੇ ਕਿਹਾ ਕਿ ਆਮ ਕਰ ਕੇ ਐਲਾਨਨਾਮੇ ਕੌਂਸਲ ਇਕੱਤਰਤਾਵਾਂ ਦੌਰਾਨ ਪੜ੍ਹੇ ਨਹੀਂ ਜਾਂਦੇ, ਪਰ ਗੁਰੂ ਨਾਨਕ ਜਹਾਜ਼ ਦਾ ਐਲਾਨਨਾਮਾ ਵਿਸ਼ੇਸ਼ ਹੈ, ਜਿਸ ਕਰ ਕੇ ਕੌਂਸਲ ਦੀ ਕਾਰਵਾਈ ਦੌਰਾਨ ਮੁਕੰਮਲ ਪੜ੍ਹਿਆ ਜਾ ਰਿਹਾ ਹੈ।



ਇਸ ਉਪਰਾਲੇ ਲਈ ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਦੇ ਪ੍ਰਬੰਧਕ ਡਾ. ਗੁਰਵਿੰਦਰ ਸਿੰਘ ਧਾਲੀਵਾਲ, ਰਾਜ ਸਿੰਘ ਭੰਡਾਲ ਅਤੇ ਬਲਜੀਤ ਕੌਰ ਸੈਣੀ ਸਮੇਤ ਸਮੂਹ ਟੀਮ ਨੇ ਸਰੀ ਸਿਟੀ ਦੀ ਮੇਅਰ ਬਰਿੰਡਾ ਲੌਕ, ਸਮੁੱਚੀ ਸਿਟੀ ਕੌਂਸਲ ਅਤੇ ਵਿਸ਼ੇਸ਼ ਕਰ ਸਰਬਜੀਤ ਸਿੰਘ ਬੈਂਸ ਦੇ ਅਣਥਕ ਉਪਰਾਲੇ ਦਾ ਧੰਨਵਾਦ ਕੀਤਾ।

23 ਜੁਲਾਈ, ਦਿਨ ਬੁਧਵਾਰ ਨੂੰ ਸਿਟੀ ਹਾਲ ਸਰੀ ਦੇ ਆਡੀਟੋਰੀਅਮ ਵਿਖੇ ਗੁਰੂ ਨਾਨਕ ਜਹਾਜ਼ ਦਿਹਾੜੇ 'ਤੇ ਸਮਾਗਮ ਹੋਵੇਗਾ, ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਸ਼ਾਮਿਲ ਹੋਣਗੀਆਂ। ਗੁਰੂ ਨਾਨਕ ਜਹਾਜ਼ ਰਿਮੈਬਰੈਂਸ ਡੇਅ ਦੇ ਸਿਟੀ ਆਫ ਸਰੀ ਦੇ ਐਲਾਨਨਾਮੇ ਤੋਂ ਪਹਿਲਾਂ, ਸਿਟੀ ਆਫ ਵੈਨਕੂਵਰ ਵੱਲੋਂ ਇਸ ਸਾਲ 23 ਮਈ ਨੂੰ ਗੁਰੂ ਨਾਨਕ ਜਹਾਜ਼ ਦਿਹਾੜਾ ਐਲਾਨ ਕੇ ਇਤਿਹਾਸਿਕ ਕਦਮ ਚੁੱਕਿਆ ਗਿਆ ਸੀ ਜੋ ਕਿ ਪ੍ਰਸ਼ੰਸਾਯੋਗ ਹੈ।

## ਨਰੇਗਾ ਮਜ਼ਦੂਰਾਂ, ਕਿਰਤੀਆਂ ਵੱਲੋਂ ਪੰਜਾਬ ਅਤੇ ਕੇਂਦਰ ਸਰਕਾਰ ਖਿਲਾਫ ਰੋਸ਼ ਪ੍ਰਦਰਸਨ 25 ਜੁਲਾਈ।

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾਂ



ਫਰੀਦਕੋਟ 19 ਜੁਲਾਈ : ਨਰੇਗਾ ਮਜ਼ਦੂਰਾਂ, ਕਿਰਤੀਆਂ ਵੱਲੋਂ ਰੋਸ ਰੈਲੀਆਂ ਪੰਜਾਬ ਅਤੇ ਕੇਂਦਰ ਸਰਕਾਰ ਖਿਲਾਫ ਕੀਤੀਆਂ ਜਾ ਰਹੀਆਂ ਹਨ ਇਸੇ ਲੜੀ ਤਹਿਤ ਨਰੇਗਾ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵੀਰ ਸਿੰਘ ਕੰਮੇਆਣਾ ਦੀ ਅਗਵਾਈ ਵਿੱਚ ਜ਼ਿਲਾ ਫਰੀਦਕੋਟ ਦੇ ਪਿੰਡ ਕਿਲਾ ਨੌਂ, ਮਚਾਕੀ , ਬੀਹਲੇ ਵਾਲਾ ਵਿਖੇ ਮੀਟਿੰਗਾਂ ਕਰਾਈਆਂ ਗਈਆਂ ਅਤੇ ਮਜ਼ਦੂਰ ਵਰਗ ਨੂੰ ਰੋਸ ਰੈਲੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਕਿਰਤੀਆਂ ਨੂੰ ਮੀਟਿੰਗ ਵਿੱਚ ਸੰਬੋਧਨ ਕਰਦੇ ਵੀਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇੱਕ ਪੱਤਰ ਜਾਰੀ ਕੀਤਾ ਗਿਆ ਹੈ ਜਿਸ ਵਿੱਚ ਲਿਖਿਆ ਹੈ ਕਿ ਨਰੇਗਾ ਮਜ਼ਦੂਰਾਂ ਨੂੰ ਪੰਜ ਸਾਲ ਵਿੱਚ ਸਿਰਫ ਇੱਕ ਵਾਰੀ ਕੰਮ ਦਿੱਤਾ ਜਾਵੇਗਾ ਭਾਵੇਂ ਉਹ ਪਿੰਡਾਂ ਦੇ ਛੱਪੜਾਂ ਦਾ ਹੋਵੇ ਜਾਂ ਫਿਰ ਸਰਕਾਰੀ ਖਾਲਿਆ ਦਾ ਇਸ ਦੇ ਨਾਲ ਨਰੇਗਾ ਮਜ਼ਦੂਰਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਵੇਗਾ ਕਿਉਂਕਿ ਨਰੇਗਾ ਮਜ਼ਦੂਰਾਂ ਦੀ ਦਿਹਾੜੀ ਅੱਗੇ ਹੀ ਬਹੁਤ ਘੱਟ ਹੈ ਅਤੇ ਮਹਿੰਗਾਈ ਨੇ ਗਰੀਬ ਮਜ਼ਦੂਰ ਦਾ ਲੱਕ ਤੋੜ ਛੱਡਿਆ ਹੈ ਅਸੀਂ ਆਪਣੀ ਜਥੇਬੰਦੀ ਵੱਲੋਂ ਕੇਂਦਰ ਅਤੇ ਪੰਜਾਬ ਸਰਕਾਰ ਕੋਲੋਂ 200 ਦਿਨ ਦਾ ਕੰਮ ਦੀ ਗਰੰਟੀ ਮੰਗਦੇ ਹਾਂ ਅਤੇ ਨਾਲ ਹੀ ਦਿਹਾੜੀ ਵਿੱਚ ਵਾਧਾ ਕਰਕੇ 1000 / ਪ੍ਰਤੀ ਦਿਨ ਦਿੱਤਾ ਜਾਵੇ ਤਾਂ ਜੋ ਗਰੀਬ ਪਰਿਵਾਰ ਦੇ ਘਰ ਦਾ ਗੁਜ਼ਾਰਾ ਹੋ ਸਕੇ ਇਸ ਦੇ ਨਾਲ ਹੀ ਕਿਸਾਨ ਮੁਲਾਜ਼ਮ ਦੁਕਾਨਦਾਰ ਹਰੇਕ ਵਰਗ ਨੂੰ ਇਸ ਰੈਲੀ ਵਿੱਚ ਪਹੁੰਚਣ ਤੇ ਅਪੀਲ ਕੀਤੀ ਗਈ ਤਾਂ ਜੋ ਨਰੇਗਾ ਮਜ਼ਦੂਰਾਂ ਦੇ ਹੱਕ ਬਚਾਏ ਜਾ ਸਕਣ ਸਾਡੀ ਜਥੇਬੰਦੀ ਵੱਲੋਂ ਭਰਾਤਰੀ ਜਥੇਬੰਦੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਸਾਡੀ ਇਹ ਰੈਲੀ 25 ਜੁਲਾਈ ਨੂੰ ਡੀ ਸੀ ਦਫਤਰ ਵਿਖੇ ਪਹੁੰਚ ਕੇ ਸਫਲ ਬਣਾਓ ।

ਹੋਰਨਾਂ ਤੋਂ ਇਲਾਵਾ ਬਲਕਾਰ ਸਿੰਘ ਸਹੋਤਾ, ਚਰਨਜੀਤ ਚਮੇਲੀ, ਗੁਰਦੀਪ ਸਿੰਘ, ਮੇਟ ਕਿਲਾ ਨੌਂ ਸੁਖਜੀਤ ਕੌਰ, ਪੂਰਨ ਸਿੰਘ ,ਬਿੰਦਰ ਸਿੰਘ, ਭੁਪਿੰਦਰ ਸਿੰਘ, ਸਿਮਰਨ ਕੌਰ, ਮੀਰਾਂ ਦੇਵੀ, ਬੇਅੰਤ ਕੌਰ ਆਦਿ ਹਾਜ਼ਰ ਹੋਏ ।

## ਡੀ.ਆਈ.ਜੀ. ਨਵੀਨ ਸੈਣੀ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਹੋਏ ਨਤਮਸਤਕ

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾਂ



ਫਰੀਦਕੋਟ, 19 ਜੁਲਾਈ : ਬਾਬਾ ਸ਼ੇਖ ਫਰੀਦ ਜੀ ਦੀ ਚਰਨ–ਛੋਹ ਪ੍ਰਾਪਤ ਪਵਿੱਤਰ ਨਗਰੀ ਵਿਖੇ ਸ੍ਰੀ ਨਵੀਨ ਸੈਣੀ ਆਈ.ਪੀ.ਐੱਸ, ਡੀ. ਆਈ. ਜੀ ਕਰਾਈਮ ਬਰਾਂਚ ਚੰਡੀਗੜਟਿੱਲਾ ਬਾਬਾ ਫ਼ਰੀਦ ਜੀ ਵਿਖੇ ਨਤਮਸਤਕ ਹੋਏ। ਟਿੱਲਾ ਬਾਬਾ ਫਰੀਦ ਵਿਖੇ ਪੁਹੰਚਣ ਤੇ ਹੈੱਡ ਗ੍ਰੰਥੀ ਵੱਲੋਂ ਸਿਰੋਪਾਓ ਅਤੇ ਦੁਸ਼ਾਲਾ ਪਾ ਕੇ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸ੍ਰ ਕੁਲਜੀਤ ਸਿੰਘ ਮੌਂਗੀਆਂ ਜੀ ਐਕਜੀਕਿਊਟਿਵ ਮੈਂਬਰ ਨੇ ਉਹਨਾਂ ਨੂੰ ਬਾਬਾ ਫਰੀਦ ਸੰਸਥਾਵਾਂ ਦੇ ਸਥਾਪਕ ਸ੍ਰ. ਇੰਦਰਜੀਤ ਸਿੰਘ ਖਾਲਸਾ ਜੀ ਦੀਆਂ ਲਿਖੀਆਂ ਹੋਈਆਂ ਕਿਤਾਬਾਂ ਭੇਂਟਕੀਤੀਆਂ। ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਦੇ ਪ੍ਰੈਜ਼ੀਡੈਂਟ ਸ. ਸਿਮਰਜੀਤ ਸਿੰਘ ਸੇਖੋ ਜੀ ਵੱਲੋਂ ਵੀ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸ੍ਰੀ ਨਵੀਨ ਸੈਣੀ ਜੀ ਨੇ ਕਿਹਾ ਕਿ ਉਹ ਬਾਬਾ ਫਰੀਦ ਜੀ ਦੇ ਇਸ ਪਾਵਨ ਅਸਥਾਨ 'ਤੇ ਆ ਕੇ ਬਹੁਤ ਹੀ ਖੁਸ਼ੀ ਮਹਿਸੂਸ ਕਰ ਰਹੇ ਹਨ।

## ਤਰਕਸ਼ੀਲਾਂ ਵੱਲੋਂ ਲੇਖ ਰਚਨਾ ਲੜੀ ਸ਼ੁਰੂ

ਵਰਲਡ ਪੰਜਾਬੀ ਟਾਈਮਜ਼
ਮਾਸਟਰ ਪਰਮਵੇਦ

ਬਰਨਾਲਾ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਬੁਲਾਰੇ ਦੋ ਮਾਸਿਕ ਤਰਕਸ਼ੀਲ ਮੈਗਜ਼ੀਨ ਤੋਂ ਅਗਲੇ ਅੰਕ ਤੋਂ ਲੇਖ ਮੁਕਾਬਲਾ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਮੁਕਾਬਲੇ ਲਈ ਲਿਖਣ ਵਾਸਤੇ ਵਿਸ਼ਾ ਕਿਸੇ ਰਵਾਇਤੀ ਵਿਸ਼ੇ ਦੀ ਬਜਾਏ, ਕੋਈ ਵਿਚਾਰ ਜਾਂ ਕਵਿਤਾ ਦੀ ਸਤਰ ਜਾਂ ਸ਼ੇਅਰ ਹੋਇਆ ਕਰੇਗਾ। ਤਰਕਸ਼ੀਲ ਮੈਗਜ਼ੀਨ ਦੇ ਐਡੀਟਰ ਰਾਜਪਾਲ ਸਿੰਘ ਤੇ ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮ ਵੇਦ ਨੇ ਦੱਸਿਆ ਕਿ ਲੇਖ ਦੀ ਲੰਬਾਈ 1000 ਕੁ ਸ਼ਬਦ ਦੇ ਆਸ ਪਾਸ ਹੋਣੀ ਚਾਹੀਦੀ ਹੈ।ਇਸ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਨੂੰ 1000/- ਰੁਪਏ ਤੇ ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 700/- ਰੁਪਏ ਇਨਾਮ ਵਜੋਂ ਦਿੱਤੇ ਜਾਇਆ ਕਰਨਗੇ।ਇਸ ਲੇਖ ਮੁਕਾਬਲਾ ਲਈ ਸਮੂਹ ਨੌਜਵਾਨਾਂ, ਕਾਲਜ ਵਿਦਿਆਰਥੀਆਂ ਅਤੇ ਨਵੇਂ ਉਭਰ ਰਹੇ ਲੇਖਕਾਂ ਨੂੰ ਸੱਦਾ ਦਿੱਤਾ ਜਾਂਦਾ ਹੈ। ਸਤੰਬਰ ਮਹੀਨੇ ਆਉਣ ਵਾਲੇ ਮੈਗਜ਼ੀਨ ਦੇ ਵਿਸ਼ੇ ਬਾਰੇ ਉਨ੍ਹਾਂ ਦੱਸਿਆ ਕਿ 9 ਸਤੰਬਰ ਨੂੰ ਮਹਾਨ ਇਨਕਲਾਬੀ ਕਵੀ ਪਾਸ਼ ਦਾ ਜਨਮ ਦਿਨ ਹੈ ,ਇਸ ਲਈ ਉਨ੍ਹਾਂ ਨੂੰ ਯਾਦ ਕਰਦਿਆਂ ਇਸ ਵਾਰ ਲੇਖ ਮੁਕਾਬਲੇ ਦਾ ਵਿਸ਼ਾ ਉਨ੍ਹਾਂ ਦੀ ਬਹੁਤ ਪ੍ਰਸਿੱਧ ਕਵਿਤਾ ਦੀਆਂ ਇਹ ਸਤਰਾਂ ਤੇ ਆਧਾਰਿਤ ਹੈ:

ਸਭ ਤੋਂ ਖਤਰਨਾਕ ਹੁੰਦਾ ਹੈ,
ਸਾਡੇ ਸੁਪਨਿਆਂ ਦਾ ਮਰ ਜਾਣਾ।

ਇਸ ਵਿਸ਼ੇ ਉਪਰ ਰਚਨਾ 10 ਅਗਸਤ ਤੱਕ ਈਮੇਲ ਜਾਂ ਵਟਸਐਪ ਰਾਹੀਂ ਪਹੁੰਚ ਜਾਣੀ ਚਾਹੀਦੀ ਹੈ।Email –editortarksheel @gmail.com
WhatsApp number -9501883486

## ਡਾ ਕਪਿਲ ਸ਼ਰਮਾ ਵਲੋਂ ਸਾਈਕੈਟਰਿਸਟ ਸਪੈਸ਼ਲਿਸਟ ਵਜੋਂ ਅੁਹਦਾ ਸੰਭਾਲਿਆ

ਵਰਲਡ ਪੰਜਾਬੀ ਟਾਈਮਜ਼
ਧਰਮ ਪ੍ਰਵਾਨਾਂ

ਫ਼ਰੀਦਕੋਟ, 19 ਜੁਲਾਈ : ਡਾ.ਕਪਿਲ ਸ਼ਰਮਾ ਵੱਲੋਂ ਸਾਈਕੈਟਰਿਸਟ ਸਪੈਸ਼ਲਿਸਟ ਸਿਵਲ ਹਸਪਤਾਲ ਫਰੀਦਕੋਟ ਵਿਖੇ ਆਪਣੀ ਆਪਣਾ ਅੁਹਦਾ ਸੰਭਾਲਣ ਮੌਕੇ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਿਸ਼ਵਦੀਪ ਗੋਇਲ ਵਲੋਂ ਉਨ੍ਹਾਂ ਦਾ ਸਵਾਗਤ




ਕਰਦਿਆਂ ਉਨਾਂ ਦਾ ਮੂੰਹ ਵੀ ਮਿੱਠਾ ਕਰਵਾਇਆ ਗਿਆ। ਇਸ ਮੌਕੇ ਡਾ.ਕਪਿਲ ਸ਼ਰਮਾ ਨੇ ਕਿਹਾ ਉਹ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ.ਵਿਸ਼ਵਦੀਪ ਗੋਇਲ ਨੇ ਕਿਹਾ ਕਿ ਡਾ.ਕਪਿਲ ਸ਼ਰਮਾ ਬਹੁਤ ਕਮਾਲ ਦੇ ਡਾਕਟਰ ਹਨ। ਇਨ੍ਹਾਂ ਦੇ ਜੁਆਇੰਨ ਕਰਨ ਨਾਲ ਸਾਡੇ ਮਰੀਜ਼ਾਂ ਨੂੰ ਲਾਭ ਮਿਲੇਗਾ। ਇਸ ਮੋਕੇ ਡਾ ਅਕਰਮਬੀਰ ਸਿੰਘ ਬਰਾੜ, ਡਾ ਮਨਰਾਜ ਸਿੰਘ, ਦਵਿੰਦਰ ਗੁਪਤਾ, ਵਿਜੇ ਸੂਰੀ ਤੇ ਡਿਪਟੀ ਮੈਡੀਕਲ ਕਮਿਸ਼ਨਰ ਦਫਤਰ ਦਾ ਸਟਾਫ਼ ਹਾਜ਼ਰ ਸੀ। ਇਸ ਮੌਕੇ ਸਭ ਨੇ ਡਾ.ਕਪਿਲ ਸ਼ਰਮਾ ਨੂੰ ਵਧਾਈ ਦਿੱਤੀ।


## ਡਾ. ਅੰਬੇਦਕਰ ਦੀ ਮੂਰਤੀ ਦੀ ਬੇਅਦਬੀ ਵੀ ਬੇਅਦਬੀ ਰੋਕਥਾਮ ਐਕਟ 2025 'ਚ ਲਿਆਂਦਾ ਜਾਵੇ : ਪੰਜਗਰਾਈਂ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 19 ਜੁਲਾਈ : ਪੰਜਾਬ ਦੀ ਵਿਧਾਨ ਸਭਾ ਸੈਸ਼ਨ ਦੌਰਾਨ ਸੂਬੇ ਅੰਦਰ ਹੋ ਰਹੀਆਂ ਪਵਿੱਤਰ ਗ੍ਰੰਥਾਂ ਦੀਆਂ ਹੋ ਰਹੀਆਂ ਬੇਅਦਬੀਆਂ ਬਾਰੇ ਸੱਦੇ ਸੈਸ਼ਨ ਵਿੱਚ ਪੰਜਾਬ ਵਿੱਚ ਪਵਿੱਤਰ ਧਰਮ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਐਲਟ 2025 ਕਨੂੰਨ ਬਣਾਉਣ ਲਈ ਸੱਦਿਆ ਗਿਆ ਸੀ। ਇਸ ਸੈਸ਼ਨ ਦੌਰਾਨ ਕਾਨੂੰਨ ਨੂੰ ਅਮਲੀ ਰੂਪ ਦੇਣ ਵਿੱਚ ਛੇ ਮਹੀਨੇ ਦਾ ਸਮਾਂ ਦਿੱਤਾ ਗਿਆ ਹੈ। ਅੱਜ ਵਿਸ਼ੇਸ਼ ਤੌਰ 'ਤੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਜਸਪਾਲ ਸਿੰਘ ਪੰਜਗਰਾਈ ਮੀਤ ਪ੍ਰਧਾਨ ਪੰਜਾਬ ਭਾਰਤੀ ਜਨਤਾ ਪਾਰਟੀ ਐਸ.ਸੀ. ਮੋਰਚਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਅੰਦਰ ਪਿਛਲੇ ਲੰਮੇ ਸਮੇਂ ਤੋਂ ਬਹੁਤ ਸਾਰੀਆਂ ਡਾ. ਭੀਮ ਰਾਉ ਅੰਬੇਦਕਰ ਸੰਵਿਧਾਨ ਰਚੇਤਾ ਭਾਰਤ ਰਤਨ ਦੀਆਂ ਮੂਰਤੀਆਂ ਦੀ ਬੇਅਦਬੀ ਵਿੱਚ ਵਾਧਾ ਹੋਇਆ ਹੈ, ਇਸ ਕਰਕੇ ਇਸ ਬੇਅਦਬੀ ਰੋਕੂ ਐਕਟ ਤਹਿਤ ਡਾ. ਭੀਮ ਰਾਉ ਅੰਬੇਦਕਰ ਦੀਆਂ ਮੂਰਤੀਆਂ ਦੀ ਬੇਅਦਬੀ ਨੂੰ ਵੀ ਇਸ ਕਾਨੂੰਨ ਅੰਦਰ ਲਿਆਂਦਾ ਜਾਵੇ ਤਾਂ ਕਿ ਡਾਕਟਰ ਭੀਮ ਰਾਓ ਅੰਬੇਦਕਰ ਦੀਆਂ ਮੂਰਤੀਆਂ ਦੀ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਸਕੇ। ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਸਰਕਾਰ ਤੋਂ ਵਾਰ-ਵਾਰ ਇਨਾ ਬੇਅਦਬੀਆਂ ਬਾਰੇ ਚਿੰਤਾ ਜਾਹਰ ਕੀਤੀ ਅਤੇ ਜਿਨਾਂ ਨੇ ਡਾਕਟਰ ਭੀਮ ਰਾਉ ਅੰਬੇਦਕਰ ਦੀ ਮੂਰਤੀ ਦੀ ਬੇਅਦਬੀ ਕੀਤੀ, ਉਹਨਾਂ ਵਿਰੁੱਧ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਪਰ ਅਜੇ ਤੱਕ ਪੰਜਾਬ ਸਰਕਾਰ ਨੇ ਕੁਝ ਨਹੀਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਸ ਸਮੇਂ ਦਲਿਤ ਵਿਰੋਧੀ ਚਿਹਰਾ ਨੰਗਾ ਹੋ ਗਿਆ, ਜਦ ਉਹਨਾਂ ਨੇ ਇਸ ਕਾਨੂੰਨ ਤਹਿਤ ਗੁਰੂ ਰਵਿਦਾਸ ਦੀ ਮੂਰਤੀ ਅਤੇ ਪਵਿੱਤਰ ਗ੍ਰੰਥ ਅੰਮ੍ਰਿਤ ਬਾਣੀ ਅਤੇ ਭਗਵਾਨ ਵਾਲਮੀਕ ਜੀ ਦੀ ਮੂਰਤੀ, ਭਗਤ ਕਬੀਰ ਜੀ ਦੀ ਮੂਰਤੀ ਦੀ ਬੇਅਦਬੀ ਕਾਨੂੰਨ ਤੋਂ ਬਾਹਰ ਰੱਖਿਆ ਗਿਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪਿਛਲੇ ਤਿੰਨਾਂ ਸਾਲਾਂ ਦੌਰਾਨ ਹਮੇਸ਼ਾ ਪੰਜਾਬ ਦੇ ਦਲਿਤਾਂ ਦੀ ਵਿਰੋਧੀ ਰਹੀ ਹੈ, ਜਿਸ ਕਰਕੇ ਇਸ ਕਾਨੂੰਨ ਤਹਿਤ ਵੀ ਦਲਿਤ ਸਮਾਜ ਦੇ ਗ੍ਰੰਥਾਂ ਅਤੇ ਗੁਰੂਆਂ ਦੀ ਬੇਅਦਬੀ ਬਾਰੇ ਵਿਚਾਰ ਨਹੀਂ ਕੀਤਾ ਗਿਆ। ਇਸ ਕਰਕੇ ਉਹਨਾਂ ਪੰਜਾਬ ਦੇ ਸਾਰੇ ਹੀ ਵਿਧਾਨ ਸਭਾ ਦੇ ਮੈਂਬਰਾਂ ਅਤੇ ਸਮੁੱਚੀ ਕਮੇਟੀ ਤੋਂ ਪੁਰਜੋਰ ਮੰਗ ਕੀਤੀ ਕਿ ਦਲਿਤ ਸਮਾਜ ਦੇ ਧਾਰਮਿਕ ਗ੍ਰੰਥ ਅਤੇ ਗੁਰੂਆਂ ਪੀਰਾਂ ਦੀ ਹੋ ਰਹੀ ਬੇਅਦਬੀ ਨੂੰ ਵੀ ਇਸ ਕਾਨੂੰਨ ਅੰਦਰ ਲਿਆਂਦਾ ਜਾਵੇ।

## ਅਸ਼ਟਮ ਬਲਬੀਰਾ***




ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਅਸ਼ਟਮ ਬਲਬੀਰਾ ਕਿਹਾ ਜਾਂਦਾ ਹੈ।
ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
(੭ਜੁਲਾਈ੧੬੫੬_੩੦ਮਾਰਚ ੧੬੬੪)
ਸਿੱਖਾਂ ਦੇ ਅੱਠਵੇਂ ਗੁਰੂ ਸਨ।
ਆਪ ਜੀ ਦਾ ਜਨਮ ਗੁਰੂ ਹਰਿ ਰਾਏ ਜੀ ਦੇ ਗ੍ਰਹਿ ਮਾਤਾ ਕ੍ਰਿਸ਼ਨ ਕੌਰ ਜੀ ਦੀ ਕੁਖੋਂ
ਕੀਰਤਪੁਰ ਸਾਹਿਬ ਵਿਖੇ ਹੋਇਆ।
6ਅਕਤੂਬਰ ਸੰਨ 1661
ਈ, ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਗੁਰਤਾ ਗੱਦੀ ਮਿੱਲੀ।
ਗੁਰੂ ਹਰਿ ਰਾਏ ਸਾਹਿਬ ਜੀ ਗੁਰਤਾਗੱਦੀ ਸੌਂਪ ਕੇ ਕੁਝ ਹਦਾਇਤ ਕੀਤੀ
ਤੁਸੀਂ ਔਰਗਜ਼ੇਬ ਦੇ ਮੱਥੇ ਨਹੀਂ
ਲਗਣਾ।
ਆਪ ਜੀ ਨੇ ਬਾਲ ਗੁਰਿਆਈ ਦੇ ਤਿੰਨ ਸਾਲ ਦੇ ਸਮੇਂ ਵਿਚ
ਸੂਝ, ਸਿਆਣਪ, ਦ੍ਰਿੜਤਾ ਅਤੇ ਦਲੇਰੀ ਨਾਲ ਸਿੱਖ ਪੰਥ ਦੀ ਅਗਵਾਈ ਕੀਤੀ।
ਦਿੱਲੀ ਵਿੱਚ ਬੁਖਾਰ ਅਤੇ ਚੇਚਕ ਦੀ ਬੀਮਾਰੀ ਫੈਲ ਗਈ

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਗੁਰੂ ਜੀ ਨੇ ਦੁੱਖੀ ਬਿਮਾਰਾਂ ਦੀ ਦਿਨ ਰਾਤ ਸੇਵਾ ਸਹਾਇਤਾ ਕੀਤੀ।
ਸੰਗਤਾਂ ਦੇ ਦਸਵੰਧ ਤੇ ਭੇਟਾ ਨੂੰ
ਇਸ ਲਈ ਵਰਤਿਆ।
ਰੋਗੀਆਂ ਦੀ ਸੇਵਾ ਕਰਦਿਆ ਗੁਰੂ ਜੀ ਨੂੰ ਵੀ ਤੇਜ਼ ਬੁਖਾਰ ਹੋ ਗਿਆ।
ਉਨ੍ਹਾਂ ਦੇ ਸਰੀਰ ਤੇ ਵੀ ਚੇਚਕ ਦੇ ਲੱਛਣ ਦਿਸਣ ਲੱਗ ਪ ਏ

ਆਪਣਾ ਅੰਤ ਸਮਾਂ ਜਾਣ ਕੇ ਆਪ ਜੀ ਨੇ ਸੰਗਤਾਂ ਨੂੰ ਗੁਰਿਆਈ ਬਾਰੇ ਹੁਕਮ ਦਿੱਤਾ
ਬਾਬਾ ਬਕਾਲੇ ਜਿਸ ਦਾ ਭਾਵ ਸੀ ਕਿ ਅਗਲਾ ਗੁਰੂ ਪਿੰਡ ਬਕਾਲੇ ਵਿਚ ਹੈ।
ਇਹ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਜ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਮਨਾਇਆ ਜਾ ਰਿਹਾਂ ਹੈ।
ਸਭ ਸੰਗਤਾਂ ਨੂੰ ਗੁਰੂ ਜੀ ਦੇ ਜਨਮ ਦਿਨ ਦੀ ਲੱਖ ਲੱਖ ਵਧਾਈਆਂ ਹੋਣ ਜੀ।

## ਸਾਉਣ ਦਾ ਮਹੀਨਾ

ਸਾਉਣ ਦਾ ਮਹੀਨਾ ਮਾਹੀਆ ਅੱਜ ਗਿਆ ਚੜ੍ਹ ਵੇ,
ਤੇਰੀਆਂ ਯਾਦਾਂ ਨੇ ਆ ਕੇ ਮੇਰਾ ਦਿਲ ਲਿਆ ਫੜ ਵੇ।
ਕਾਲੀਆਂ ਘਟਾਵਾਂ ਅੰਬਰ ਤੇ ਛਾ ਗਈਆਂ ਨੇ,
ਹੌਲੀ, ਹੌਲੀ ਕਣੀਆਂ ਵੀ ਪੈਣ ਲੱਗ ਪਈਆਂ ਨੇ।
ਹਾੜ੍ਹ ਦੀ ਗਰਮੀ ਤੋਂ ਛੁਟਕਾਰਾ ਮਿਲ ਜਾਣਾ ਏ,
ਸੁੱਕ ਰਹੇ ਵੇਲ,ਬੂਟਿਆਂ ਨੂੰ ਸਹਾਰਾ ਮਿਲ ਜਾਣਾ ਏ।
ਕੱਠੇ ਹੋ ਕੇ ਬੱਚਿਆਂ ਨੇ ਮੀਂਹ ਵਿੱਚ ਨਹਾਉਣਾ ਏ,
ਮੱਝਾਂ ਤੇ ਗਾਵਾਂ ਨੂੰ ਵੀ ਸੁੱਖ ਦਾ ਸਾਹ ਆਉਣਾ ਏ।
ਖੀਰ ਤੇ ਪੂੜੇ ਬਣਾਉਣ ਲਈ ਸੱਸ ਨੇ ਕਹਿਣਾ ਏ,
ਤੇਰੇ ਬਿਨਾਂ ਮੈਥੋਂ ਇਹ ਸਭ ਕੁਝ ਨਹੀਂ ਹੋਣਾ ਏ।
ਦੂਰ ਰਹਿ ਕੇ ਲੰਘਾ ਨਾ ਦੇਵੀਂ ਸਾਉਣ ਦਾ ਮਹੀਨਾ ਵੇ,
ਤੇਰੇ ਬਿਨਾਂ ਠੰਢ 'ਚ ਵੀ ਤਪੀ ਜਾਣਾ ਮੇਰਾ ਸੀਨਾ ਵੇ।
ਹੁੰਦੇ ਉਹ ਸਿਆਣੇ ਜਿਹੜੇ ਮੌਕੇ ਨੂੰ ਸੰਭਾਲਦੇ,
ਹੁੰਦੇ ਉਹ ਮੂਰਖ ਜਿਹੜੇ ਰਾਖ ਚੋਂ ਸੋਨਾ ਭਾਲਦੇ।




ਵਰਲਡ ਪੰਜਾਬੀ ਟਾਈਮਜ਼
ਮਹਿੰਦਰ ਸਿੰਘ ਮਾਨ

# ਜਿਸੁ ਡਿਠੇ ਸਭਿ ਦੁਖਿ ਜਾਇ




ਸਿਰਲੇਖ ਵਿੱਚ ਲਿਖੀ ਪੰਕਤੀ ਅਸਲ ਵਿੱਚ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ (1666-1708) ਦੁਆਰਾ ਰਚੀ 'ਚੰਡੀ ਦੀ ਵਾਰ' ਦੀ ਪਹਿਲੀ ਪਉੜੀ ਹੈ, ਜੋ ਮੂਲ ਰੂਪ ਵਿੱਚ ਇਸ ਪ੍ਰਕਾਰ ਹੈ:

ਪ੍ਰਿਥਮ ਭਗੌਤੀ ਸਿਮਰ ਕੈ ਗੁਰੁ ਨਾਨਕ ਲਈਂ ਧਿਆਇ॥
ਫਿਰਿ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ॥
ਅਰਜਨ ਹਰਿਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ॥
ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੇ ਸਭਿ ਦੁਖਿ ਜਾਇ॥
ਤੇਗ ਬਹਾਦਰ ਸਿਮਰਿਐ ਘਰ ਨਉਨਿਧਿ ਆਵੈ ਧਾਇ॥
ਸਭ ਥਾਂਈ ਹੋਇ ਸਹਾਇ॥

ਇਨ੍ਹਾਂ ਛੇ ਪੰਕਤੀਆਂ ਵਿੱਚ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਤੋਂ ਪਹਿਲਾਂ ਹੋ ਚੁੱਕੇ ਨੌਂ ਗੁਰੂ ਸਾਹਿਬਾਨ ਪ੍ਰਤੀ ਅਕੀਦਤ ਦੇ ਭਾਵ ਪ੍ਰਗਟ ਕੀਤੇ ਹਨ। ਅਸਲ ਵਿੱਚ ਇਹ 'ਚੰਡੀ ਦੀ ਵਾਰ' ਦਾ ਮੰਗਲਾਚਰਨ ਹੈ, ਜੋ ਸਿੱਖ ਧਰਮ ਦੀ ਰੋਜ਼ਾਨਾ ਦੀ ਅਰਦਾਸ ਵਿਚ ਵੀ ਸ਼ਾਮਲ ਹੈ ਤੇ ਸਭ ਤੋਂ ਪਹਿਲਾਂ ਬੋਲਿਆ ਜਾਂਦਾ ਹੈ। ਜੇ ਅਸੀਂ ਇਨ੍ਹਾਂ ਪੰਕਤੀਆਂ ਨੂੰ ਧਿਆਨ ਨਾਲ ਵੇਖੀਏ ਤਾਂ ਪਤਾ ਲੱਗੇਗਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਦੋ ਗੁਰੂ ਸਾਹਿਬਾਨ ਦੀ ਮਹਾਨਤਾ ਨੂੰ ਪ੍ਰਮੁੱਖਤਾ ਨਾਲ ਅੰਕਿਆ ਹੈ। ਇਹ ਹਨ- ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਅਤੇ ਗੁਰੂ ਤੇਗ ਬਹਾਦਰ ਜੀ। ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਆਪਣੀ ਅਲਪ ਅਵਸਥਾ (ਘੱਟ ਉਮਰ) ਵਿੱਚ ਹੀ ਮਹਾਨ ਕਾਰਜ ਕੀਤੇ, ਜਦ ਕਿ ਗੁਰੂ ਤੇਗ ਬਹਾਦਰ ਜੀ ਨੇ ਤਿਲਕ ਤੇ ਜੰਞੂ ਦੀ ਰੱਖਿਆ ਲਈ (ਜਿਸ ਧਰਮ ਵਿਚ ਉਨ੍ਹਾਂ ਦੀ ਆਸਥਾ ਹੀ ਨਹੀਂ ਸੀ) ਆਪਣਾ ਬਲੀਦਾਨ ਦੇ ਦਿੱਤਾ।

ਗੁਰੂ ਗ੍ਰੰਥ ਸਾਹਿਬ ਵਿਚ 22 ਅਧਿਆਤਮਕ ਵਾਰਾਂ ਹਨ, ਜਿਨ੍ਹਾਂ ਵਿੱਚੋਂ ਦੋ ਵਾਰਾਂ ਵਿਚ ਕੇਵਲ ਪਉੜੀਆਂ ਹੀ ਹਨ ਅਤੇ 20 ਵਾਰਾਂ ਵਿੱਚ ਪਉੜੀਆਂ ਦੇ ਨਾਲ-ਨਾਲ ਸ਼ਲੋਕ ਵੀ ਦਰਜ ਕੀਤੇ ਗਏ ਹਨ। ਇਵੇਂ ਹੀ ਗੁਰੂ ਗੋਬਿੰਦ ਸਿੰਘ ਵੱਲੋਂ ਰਚੀ ਗਈ 'ਚੰਡੀ ਦੀ ਵਾਰ' ਅਤੇ ਭਾਈ ਗੁਰਦਾਸ ਦੀਆਂ 39 ਵਾਰਾਂ ਵਿਚ ਸਿਰਫ਼ ਪਉੜੀਆਂ ਹੀ ਹਨ, ਕੋਈ ਸ਼ਲੋਕ ਨਹੀਂ ਹੈ।

ਵਿਸ਼ੇ ਵਾਲੀ ਪੰਕਤੀ, 'ਜਿਸੁ ਡਿਠੇ ਸਭਿ ਦੁਖਿ ਜਾਇ' ਤੋਂ ਪਹਿਲਾਂ ਵਾਲੀ ਅੱਧੀ ਲਾਈਨ ਹੈ 'ਸ੍ਰੀ ਹਰਿਕ੍ਰਿਸ਼ਨ ਧਿਆਈਐ'। ਇਸ ਤਰ੍ਹਾਂ ਪੂਰੀ ਪੰਕਤੀ ਇਸ ਪ੍ਰਕਾਰ ਹੈ : ਸ੍ਰੀ ਹਰਿਕ੍ਰਿਸ਼ਨ ਧਿਆਇਐ ਜਿਸੁ ਡਿਠੇ ਸਭਿ ਦੁਖਿ ਜਾਇ॥ ਇਸ ਤਰ੍ਹਾਂ ਪੂਰੀ ਪੰਕਤੀ ਦਾ ਅਰਥ ਇਹ ਹੋਇਆ ਕਿ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਧਿਆਉਣ ਨਾਲ, ਸਿਮਰਨ ਨਾਲ, ਯਾਦ ਕਰਨ ਨਾਲ, ਅਰਾਧਨਾ ਕਰਨ ਨਾਲ, ਦਰਸ਼ਨ/ਦੀਦਾਰ ਕਰਨ ਨਾਲ ਹਰ ਤਰ੍ਹਾਂ ਦੇ ਦੁੱਖਾਂ, ਕਲੇਸ਼ਾਂ, ਸਮੱਸਿਆਵਾਂ, ਮੁਸੀਬਤਾਂ, ਔਕੜਾਂ ਦਾ ਨਾਸ਼ ਹੋ ਜਾਂਦਾ ਹੈ। ਇਸ ਪੂਰੀ ਪੰਕਤੀ ਵਿੱਚ 'ਧਿਆਈਐ' ਅਤੇ 'ਡਿਠੇ' ਦੋ ਸ਼ਬਦ ਖਾਸ ਮਹੱਤਵ ਰੱਖਦੇ ਹਨ। ਧਿਆਈਐ ਦਾ ਅਰਥ ਹੈ- ਯਾਦ ਕਰਨਾ ਜਾਂ ਸਿਮਰਨ ਕਰਨਾ; ਅਤੇ ਡਿਠੇ ਦਾ ਅਰਥ ਹੈ- ਦੀਦਾਰ ਕਰਨਾ, ਦਰਸ਼ਨ ਕਰਨਾ। ਸਾਡੇ ਮਨ ਵਿੱਚ ਕਦੇ-ਕਦੇ ਭੁਲੇਖਾ ਪੈਦਾ ਹੁੰਦਾ ਹੈ ਕਿ ਸਿਮਰਨ ਕਰਨਾ ਚੰਗਾ ਹੈ ਜਾਂ ਦਰਸ਼ਨ ਕਰਨਾ ਉੱਤਮ ਹੈ। ਮੇਰੀ ਮਾਨਤਾ ਹੈ ਕਿ ਇਹ ਦੋਵੇਂ ਗੱਲਾਂ ਹੀ ਸ਼੍ਰੋਮਣੀ ਹਨ। ਮੌਜੂਦਾ ਸਮੇਂ ਵਿੱਚ ਭਾਵੇਂ ਗੁਰੂ ਸਾਹਿਬਾਨ ਸਰੀਰਕ ਤੌਰ ਤੇ ਸਾਡੇ ਦਰਮਿਆਨ ਮੌਜੂਦ ਨਹੀਂ ਹਨ। ਇਸ ਲਈ ਉਨ੍ਹਾਂ ਦੇ ਦਰਸ਼ਨ ਕਿਵੇਂ ਕਰੀਏ? ਇਹਦਾ ਜਵਾਬ ਇਹ ਹੈ ਕਿ ਸਾਡੇ ਕੋਲ ਗੁਰੂ ਸਾਹਿਬਾਨ ਦੀ ਪਵਿੱਤਰ/ ਪਾਵਨ ਬਾਣੀ ਗੁਰੂ ਗ੍ਰੰਥ ਸਾਹਿਬ ਦੇ ਰੂਪ ਵਿਚ ਮੌਜੂਦ ਹੈ। ਇਸ ਲਈ ਗੁਰੂ ਗ੍ਰੰਥ ਸਾਹਿਬ ਦੇ ਦਰਸ਼ਨ ਹੀ ਸਾਡੇ ਲਈ ਗੁਰੂ ਦੇ ਦਰਸ਼ਨ ਵਾਂਗ ਹਨ।

ਆਓ ਹੁਣ ਆਪਾਂ ਦਰਸ਼ਨ/ਦੀਦਾਰ ਸ਼ਬਦ ਦੀ ਵਿਆਖਿਆ ਕਰਦੇ ਹਾਂ। ਅਸੀਂ ਰੋਜ਼ਾਨਾ ਜੀਵਨ ਵਿੱਚ ਇਸ ਸ਼ਬਦ ਦੀ ਕਈ ਵਾਰੀ ਵਰਤੋਂ ਕਰਦੇ ਹਾਂ। ਜਿਵੇਂ ਕਿ 'ਮੈਂ ਤੁਹਾਡੇ ਦਰਸ਼ਨ ਕਰਕੇ ਧੰਨ ਹੋ ਗਿਆ' ਜਾਂ 'ਸਮਾਂ ਮਿਲਿਆ ਤਾਂ ਤੁਹਾਡੇ ਦਰਸ਼ਨ ਕਰਾਂਗਾ' ਆਦਿ...। ਪਰ ਅਸਲ ਵਿਚ 'ਦਰਸ਼ਨ' ਕਿਸੇ ਉਚੇਰੀ, ਅਧਿਆਤਮਕ, ਡੂੰਘੀ, ਰਮਜ਼ ਭਰੀ, ਬ੍ਰਹਮਗਿਆਨੀ ਆਤਮਾ ਨਾਲ ਹੀ ਜੋੜਿਆ ਜਾਣ ਵਾਲਾ ਸ਼ਬਦ ਹੈ, ਇਹਨੂੰ ਦੁਨਿਆਵੀ/ ਪਦਾਰਥਕ ਚੀਜ਼ਾਂ/ ਲੋਕਾਂ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ। ਸਿੱਖ ਧਰਮ ਦੀ ਰੋਜ਼ਾਨਾ ਅਰਦਾਸ ਵਿੱਚ 'ਦਰਸ਼ਨ' ਸ਼ਬਦ ਦੀ ਤਿੰਨ ਵਾਰ ਵਰਤੋਂ ਮਿਲਦੀ ਹੈ- ਪਹਿਲੀ ਵਾਰ 'ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸ਼ਨ ਦੀਦਾਰ ਦਾ ਧਿਆਨ ਧਰ ਕੇ ਬੋਲੋ ਜੀ- ਵਾਹਿਗੁਰੂ'; ਦੂਜੀ ਵਾਰ 'ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸ਼ਨ ਇਸ਼ਨਾਨ'; ਤੇ ਤੀਜੀ ਵਾਰ 'ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਦੁਆਰਿਆਂ, ਗੁਰਧਾਮਾਂ ਦੇ, ਜਿਨ੍ਹਾਂ ਤੋਂ ਖ਼ਾਲਸਾ ਪੰਥ ਨੂੰ ਵਿਛੋੜਿਆ ਗਿਆ ਹੈ, ਦੇ ਖੁੱਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖ਼ਾਲਸਾ ਜੀ ਨੂੰ ਬਖ਼ਸ਼ੋ'। ਇਉਂ 'ਦਰਸ਼ਨ' ਸ਼ਬਦ ਇਲਾਹੀ ਨਦਰ ਦਾ ਪੈਂਡਾ ਹੈ।

ਗੁਰੂ ਗ੍ਰੰਥ ਸਾਹਿਬ ਵਿੱਚ ਦਰਸ਼ਨ ਅਤੇ ਡਿਠੇ ਸ਼ਬਦ ਕਈ ਥਾਵਾਂ ਤੇ ਵਰਤਿਆ ਮਿਲਦਾ ਹੈ। ਹੁਕਮਨਾਮਾ ਲੈਣ ਤੋਂ ਪਹਿਲਾਂ ਆਮ ਤੌਰ ਤੇ ਰੋਜ਼ਾਨਾ ਵਰਤੇ ਜਾਂਦੇ ਗੁਰ-ਵਾਕਾਂ ਵਿਚੋਂ ਕੁਝ ਵਾਕ ਇਸ ਪ੍ਰਕਾਰ ਹਨ:

ਸੁ ਕਹੁ ਟਲ ਗੁਰੁ ਸੇਵੀਐ ਅਹਿਨਿਸਿ ਸਹਜਿ ਸੁਭਾਇ॥
ਦਰਸਨਿ ਪਰਸਿਐ ਗੁਰੂ ਕੈ ਜਨਮ ਮਰਣ ਦੁਖੁ ਜਾਇ॥
(ਪੰਨਾ ੧੩੯੨)

ਹੋਵੈ ਸਿਫਤਿ ਖਸੰਮ ਦੀ ਨੂਰੁ ਅਰਸਹੁ ਕੁਰਸਹੁ ਝਟੀਐ॥
ਤੁਧੁ ਡਿਠੇ ਸਚੇ ਪਾਤਿਸਾਹ ਮਲੁ ਜਨਮ ਜਨਮ ਦੀ ਕਟੀਐ॥
(ਪੰਨਾ ੯੬੭)

ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ॥
ਤਨੁ ਮਨੁ ਹੋਇ ਨਿਹਾਲੁ ਜਾ ਗੁਰ ਦੇਖਾ ਸਾਮ੍ਹਣੇ॥
(ਪੰਨਾ ੭੫੮)

ਦਰਸਨੁ ਦੇਖਤ ਦੋਖ ਨਸੇ॥
ਕਬਹੁ ਨ ਹੋਵਹੁ ਦ੍ਰਿਸਟਿ ਅਗੋਚਰ ਜਾ ਕੈ ਸੰਗ ਬਸੇ॥
(ਪੰਨਾ ੮੨੬)

ਇਨ੍ਹਾਂ ਗੁਰ-ਵਾਕਾਂ ਵਿਚ ਵਰਤੇ ਗਏ ਸ਼ਬਦ ਹੀ ਅਸਲ ਵਿੱਚ ਦਰਸ਼ਨ ਦੀ ਸਹੀ ਤਰਜਮਾਨੀ/ਤਸਵੀਰਕਸ਼ੀ ਕਰਦੇ ਹਨ। ਅਸਲ ਵਿੱਚ ਦਰਸ਼ਨ ਕਰਨ ਨਾਲ ਜੇਕਰ ਦੁਖ-ਦਰਦ, ਕਲ- ਕਲੇਸ਼ ਦੂਰ ਹੁੰਦੇ ਹਨ, ਤਾਂ ਹੀ ਉਹਦੀ ਸਾਰਥਕਤਾ ਹੈ, ਨਹੀਂ ਤਾਂ-

ਕਬੀਰ ਸਾਕਤ ਸੰਗੁ ਨ ਕੀਜੀਐ ਦੂਰਹਿ ਜਾਈਐ ਭਾਗਿ॥
(ਪੰਨਾ ੧੩੭੧)

ਗੁਰੂ ਹਰਿਕ੍ਰਿਸ਼ਨ ਸਾਹਿਬ ਗੁਰੂ ਨਾਨਕ ਜੋਤਿ ਦੇ ਅੱਠਵੇਂ ਵਾਰਿਸ ਸਨ। ਕਈ ਵਾਰੀ ਹੈਰਾਨੀ ਹੁੰਦੀ ਹੈ ਕਿ ਇੰਨੀ ਛੋਟੀ ਉਮਰ ਵਿੱਚ ਕੋਈ ਗੁਰੂ ਕਿਵੇਂ ਹੋ ਸਕਦਾ ਹੈ? ਅਸਲ ਵਿੱਚ ਇਹ ਗੁਰੂ- ਘਰ ਦੀ ਵਡਿਆਈ ਹੈ ਕਿ ਉੱਥੇ ਦੁਨਿਆਵੀ ਰੀਤਾਂ ਨਹੀਂ ਚੱਲਦੀਆਂ, ਸਗੋਂ ਕਿਸੇ ਕਾਬਲ/ਸੁਯੋਗ ਵਿਅਕਤੀ ਨੂੰ ਹੀ ਇਹ ਗੁਰਗੱਦੀ ਪ੍ਰਾਪਤ ਹੁੰਦੀ ਰਹੀ ਹੈ। ਕਦੇ ਗੁਰਿਆਈ ਦਾਦੇ ਤੋਂ ਪੋਤੇ ਨੂੰ ਮਿਲੀ (ਗੁਰੂ ਹਰਿਗੋਬਿੰਦ ਜੀ ਨੇ ਆਪਣੇ ਪੋਤਰੇ ਗੁਰੂ ਹਰਿ ਰਾਇ ਜੀ ਨੂੰ ਦਿੱਤੀ) ਅਤੇ ਕਦੇ ਪੋਤੇ ਤੋਂ ਦਾਦੇ ਕੋਲ ਪਹੁੰਚੀ (ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਗੁਰੂ ਤੇਗ ਬਹਾਦਰ ਜੀ ਨੂੰ ਸੌਂਪੀ)।

ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਸ੍ਰੀ ਗੁਰੂ ਹਰਿ ਰਾਇ ਜੀ ਦੇ ਗ੍ਰਹਿ ਵਿਖੇ ਮਾਤਾ ਕ੍ਰਿਸ਼ਨ ਕੌਰ ਦੀ ਕੁੱਖੋਂ 1656 ਈ. ਨੂੰ ਕੀਰਤਪੁਰ ਵਿਖੇ ਹੋਇਆ। ਗੁਰੂ ਹਰਿ ਰਾਇ ਜੀ ਦਾ ਇੱਕ ਵੱਡਾ ਸਪੁੱਤਰ ਵੀ ਸੀ- ਰਾਮ ਰਾਏ, ਜੋ ਗੁਰੂ ਹਰਿਕ੍ਰਿਸ਼ਨ ਜੀ ਤੋਂ ਕਰੀਬ ਦਸ ਸਾਲ ਵੱਡਾ ਸੀ। ਪਰ ਗੁਰੂ ਹਰਿ ਰਾਇ ਜੀ ਨੇ ਰਾਮਰਾਇ ਦੀਆਂ ਆਪ ਹੁਦਰੀਆਂ ਅਤੇ ਕਰਾਮਾਤਾਂ ਆਦਿ ਨੂੰ ਵੇਖ ਕੇ, ਜੋ ਉਹਨੇ ਔਰੰਗਜ਼ੇਬ ਕੋਲ ਵਿਖਾਈਆਂ ਸਨ, ਉਸ ਨੂੰ ਗੁਰਗੱਦੀ ਦੇ ਯੋਗ ਨਹੀਂ ਸਮਝਿਆ। ਅਸਲ ਵਿਚ ਰਾਮਰਾਇ ਨੇ ਔਰੰਗਜ਼ੇਬ ਕੋਲ ਜਾ ਕੇ ਗੁਰਬਾਣੀ ਦੀ ਇੱਕ ਪੰਕਤੀ 'ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਹਿਆਰ॥ ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ॥' (ਆਸਾ ਦੀ ਵਾਰ, ਪੰਨਾ ੪੬੬) ਨੂੰ ਬਦਲ ਦਿੱਤਾ ਸੀ ਤੇ ਇਸ ਵਿਚਲੇ ਸ਼ਬਦ 'ਮੁਸਲਮਾਨ' ਨੂੰ 'ਬੇਈਮਾਨ' ਦੱਸਿਆ ਸੀ। ਰਾਮ ਰਾਏ ਨੇ ਗੁਰਗੱਦੀ ਪ੍ਰਾਪਤ ਕਰਨ ਲਈ ਬਹੁਤ ਹੱਥ-ਪੈਰ ਮਾਰੇ, ਸਰਕਾਰੇ-ਦਰਬਾਰੇ ਪਹੁੰਚ ਕੀਤੀ, ਧੀਰਮੱਲ ਨੂੰ ਵੀ ਚਿੱਠੀ ਲਿਖੀ, ਪਰ ਗੁਰੂ ਹਰਿ ਰਾਇ ਜੀ ਨੇ ਉਹਨੂੰ ਆਪਣੇ ਮੂੰਹ ਨਹੀਂ ਲਾਇਆ ਅਤੇ ਰਾਮ-ਰਾਈਆਂ ਨੂੰ ਪੰਥ ਵਿੱਚੋਂ ਛੇਕ ਦਿੱਤਾ। ਆਪਣੇ ਅੰਤਿਮ ਸਮੇਂ ਤੋਂ ਪਹਿਲਾਂ ਉਨ੍ਹਾਂ ਨੇ ਆਪਣੇ ਛੋਟੇ ਸਪੁੱਤਰ ਸ੍ਰੀ ਹਰਿਕ੍ਰਿਸ਼ਨ ਸਾਹਿਬ ਨੂੰ ਗੁਰਗੱਦੀ ਦਾ ਵਾਰਿਸ ਬਣਾਇਆ। ਇਉਂ ਪਿਤਾ ਦੀ ਆਗਿਆ ਮੁਤਾਬਕ 1661 ਈ. ਨੂੰ, ਜਦੋਂ ਸ੍ਰੀ ਹਰਿਕ੍ਰਿਸ਼ਨ ਜੀ ਦੀ ਉਮਰ ਸਿਰਫ਼ ਸਵਾ ਪੰਜ ਸਾਲ ਦੀ ਸੀ, ਆਪ ਨੂੰ ਗੁਰਗੱਦੀ ਦਾ ਤਿਲਕ ਲਾਇਆ ਗਿਆ। ਉਮਰ ਭਾਵੇਂ ਛੋਟੀ ਸੀ ਪਰ ਜੋਤਿ ਤਾਂ ਗੁਰੂ ਨਾਨਕ ਦੇਵ ਜੀ ਦੀ ਹੀ ਚਲੀ ਆ ਰਹੀ ਸੀ। ਸੱਤਾ ਬਲਵੰਡ ਦੁਆਰਾ ਲਿਖੀ 'ਰਾਮਕਲੀ ਕੀ ਵਾਰ' ਵਿੱਚ ਇਸ ਪ੍ਰਥਾਏ ਫ਼ਰਮਾਨ ਹੈ:

ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ॥
(ਪੰਨਾ ੯੬੬)

ਇਕ ਹੋਰ ਥਾਂ ਵੀ ਅਜਿਹਾ ਭਾਵਬੋਧ ਮਿਲਦਾ ਹੈ:

ਜੋਤਿ ਰੂਪਿ ਹਰਿ ਆਪਿ ਗੁਰੂ ਨਾਨਕੁ ਕਹਾਯਉ॥
(ਪੰਨਾ ੧੪੦੮)

ਅਰਥਾਤ ਜੋਤਿ ਉਹੀ ਰਹੀ, ਸਿਰਫ਼ ਉਸ ਨੇ ਸਰੀਰ ਬਦਲ ਲਿਆ।

ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਗੁਰਗੱਦੀ ਦਾ ਕਾਰਜ ਬੜੀ ਕੁਸ਼ਲਤਾ ਨਾਲ ਸੰਭਾਲਿਆ। ਸਿੱਖੀ ਦੇ ਪ੍ਰਚਾਰ ਲਈ ਹਰ ਪਾਸੇ ਪ੍ਰਚਾਰਕ ਭੇਜੇ।

ਛੋਟੇ ਭਰਾ ਨੂੰ ਗੁਰਿਆਈ ਮਿਲਣ ਤੇ ਰਾਮਰਾਇ ਬੜਾ ਔਖਾ ਹੋਇਆ। ਉਹਨੇ ਧੀਰਮਲ (ਬਾਬਾ ਗੁਰਦਿੱਤਾ ਜੀ ਦਾ ਵੱਡਾ ਲੜਕਾ। ਬਾਬਾ ਗੁਰਦਿੱਤਾ ਗੁਰੂ ਹਰਿਗੋਬਿੰਦ ਸਾਹਿਬ ਦਾ ਵੱਡਾ ਸਪੁੱਤਰ ਸੀ। ਬਾਬਾ ਗੁਰਦਿੱਤਾ ਦੇ ਦੋ ਲੜਕੇ ਸਨ- ਧੀਰਮੱਲ ਤੇ ਸ੍ਰੀ ਹਰਿ ਰਾਇ ਜੀ, ਜੋ ਪਿੱਛੋਂ ਸੱਤਵੇਂ ਗੁਰੂ ਬਣੇ) ਨਾਲ ਸਲਾਹ ਕਰਕੇ ਕੁਝ ਮਸੰਦਾਂ ਨੂੰ ਆਪਣੇ ਨਾਲ ਗੰਢਿਆ ਅਤੇ ਗੁਰੂ ਬਣਨ ਦਾ ਦਾਅਵਾ ਕੀਤਾ। ਪਰ ਸਿੱਖ ਉਹਦੇ ਪਿੱਛੇ ਨਾ ਲੱਗੇ। ਫਿਰ ਉਸ ਨੇ ਔਰੰਗਜ਼ੇਬ ਕੋਲ ਸ਼ਿਕਾਇਤ ਕੀਤੀ। ਪਹਿਲਾਂ ਤਾਂ ਬਾਦਸ਼ਾਹ ਦਖ਼ਲ ਨਹੀਂ ਦੇਣਾ ਚਾਹੁੰਦਾ ਸੀ, ਫਿਰ ਉਸ ਨੇ ਸੋਚਿਆ ਕਿ ਗੁਰੂ ਬਣ ਕੇ ਰਾਮ ਰਾਏ ਸਰਕਾਰੀ ਨੀਤੀ ਮੁਤਾਬਕ ਚੱਲੇਗਾ ਤੇ ਹਕੂਮਤ ਇਸ ਪਾਸੋਂ ਬੇਫ਼ਿਕਰ ਹੋ ਜਾਵੇਗੀ। ਔਰੰਗਜ਼ੇਬ ਨੇ ਮਿਰਜ਼ਾ ਰਾਜਾ ਜੈ ਸਿੰਘ ਨੂੰ ਕਿਹਾ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਨੂੰ ਆਦਰ ਸਹਿਤ ਦਿੱਲੀ ਲਿਆਉਣ ਦਾ ਪ੍ਰਬੰਧ ਕੀਤਾ ਜਾਵੇ। ਰਾਜਾ ਜੈ ਸਿੰਘ ਗੁਰੂ ਘਰ ਦਾ ਸ਼ਰਧਾਲੂ ਸੀ ਤੇ ਉਹਨੇ ਔਰੰਗਜ਼ੇਬ ਦੇ ਹੁਕਮ ਮੁਤਾਬਕ ਸ਼ਾਹੀ ਕਾਸਦ ਨੂੰ ਚਿੱਠੀ ਲਿਖ ਕੇ ਕੀਰਤਪੁਰ ਸਾਹਿਬ ਭੇਜਿਆ ਤਾਂ ਗੁਰੂ ਜੀ ਨੇ ਗੁਰੂ-ਪਿਤਾ ਦੇ ਅੰਤਮ ਆਦੇਸ਼ "ਨਹਿ ਮਲੇਛ ਕੋ ਦਰਸ਼ਨ ਦੇ ਹੈਂ" ਨੂੰ ਸਮਰਪਿਤ ਹੋ ਕੇ ਔਰੰਗਜ਼ੇਬ ਨੂੰ ਦਿੱਲੀ ਜਾ ਕੇ ਮਿਲਣ ਤੋਂ ਸਾਫ ਇਨਕਾਰ ਕਰ ਦਿੱਤਾ।

ਪਰ ਜਦੋਂ ਰਾਜਾ ਜੈ ਸਿੰਘ ਨੇ ਦਿੱਲੀ ਦੀ ਸੰਗਤ ਦੀ ਇੱਛਾ ਮੁਤਾਬਕ ਚਰਨ ਪਾਉਣ ਦੀ ਬੇਨਤੀ ਕੀਤੀ ਤਾਂ ਆਪ ਨੇ ਸੰਗਤ ਦੀ ਅਰਜ਼ੋਈ ਨੂੰ ਪ੍ਰਵਾਨ ਕਰਦਿਆਂ ਦਿੱਲੀ ਵੱਲ ਚਾਲੇ ਪਾ ਦਿੱਤੇ। ਆਪ ਦੇ ਨਾਲ ਮਾਤਾ ਕ੍ਰਿਸ਼ਨ ਕੌਰ ਅਤੇ ਹੋਰ ਮੁਖੀ ਸਿੱਖ ਵੀ ਜਾਣ ਨੂੰ ਤਿਆਰ ਹੋ ਗਏ।

ਗੁਰੂ ਜੀ ਨੇ ਦਿੱਲੀ ਵੱਲ ਜਾਂਦਿਆਂ ਰਸਤੇ ਵਿੱਚ ਪੰਜੋਖਰਾ ਦੇ ਸਥਾਨ ਤੇ ਕੁਝ ਸਮਾਂ ਵਿਸ਼ਰਾਮ ਕੀਤਾ। ਇੱਥੇ ਹੀ ਇੱਕ ਪੰਡਿਤ ਜਿਸ ਦਾ ਨਾਮ ਲਾਲਚੰਦ ਸੀ, ਗੁਰੂ ਜੀ ਕੋਲ ਆ ਕੇ ਕਹਿਣ ਲੱਗਿਆ- ਤੁਸੀਂ ਆਪਣਾ ਨਾਂ ਤਾਂ ਹਰਿਕ੍ਰਿਸ਼ਨ ਰਖਵਾਇਆ ਹੈ, ਪਰ ਗੀਤਾ ਦਾ ਤੁਹਾਨੂੰ ਕੋਈ ਗਿਆਨ ਹੀ ਨਹੀਂ ਹੈ। ਸ੍ਰੀ ਕ੍ਰਿਸ਼ਨ ਨੇ ਤਾਂ ਗੀਤਾ ਦੀ ਰਚਨਾ ਕੀਤੀ ਸੀ, ਤੁਸੀਂ ਗੀਤਾ ਦੇ ਅਰਥ ਹੀ ਕਰਕੇ ਵਿਖਾ ਦਿਓ।... ਜਾਣੀਜਾਣ ਸਤਿਗੁਰੂ ਨੇ ਉਸ ਦੀ ਹੰਕਾਰੀ ਬਿਰਤੀ ਨੂੰ ਪਛਾਣ ਲਿਆ ਪਰ ਉਸ ਨੂੰ ਪਿਆਰ ਨਾਲ ਕਿਹਾ- ਤੁਸੀਂ ਕਿਸੇ ਵੀ ਆਦਮੀ ਨੂੰ ਲੈ ਆਓ, ਉਹੀ ਗੀਤਾ ਦੇ ਅਰਥ ਕਰਕੇ ਦੱਸ ਦੇਵੇਗਾ।




ਪੰਡਿਤ ਲਾਲਚੰਦ ਪਿੰਡ 'ਚੋਂ ਛੱਜੂ ਝੀਉਰ ਨੂੰ ਲੈ ਆਇਆ, ਜੋ ਗੂੰਗਾ ਅਤੇ ਬੋਲਾ ਸੀ। ਗੁਰੂ ਜੀ ਨੇ ਛੱਜੂ ਦੇ ਸਿਰ ਤੇ ਆਪਣੀ ਛੜੀ ਦਾ ਇੱਕ ਸਿਰਾ ਰੱਖਿਆ ਅਤੇ ਪੰਡਿਤ ਨੂੰ ਕੁਝ ਵੀ ਪੁੱਛਣ ਲਈ ਕਿਹਾ। ਪੰਡਿਤ ਨੇ ਜੋ-ਜੋ ਵੀ ਸ਼ਲੋਕ ਦੇ ਅਰਥ ਪੁੱਛੇ, ਛੱਜੂ ਨੇ ਉਨ੍ਹਾਂ ਦਾ ਸਟੀਕ ਜਵਾਬ ਦਿੱਤਾ। ਪੰਡਿਤ ਦੀ ਤਸੱਲੀ ਹੋ ਗਈ ਤੇ ਉਹ ਗੁਰੂ ਜੀ ਦੇ ਕਦਮਾਂ ਤੇ ਢਹਿ ਕੇ ਉਨ੍ਹਾਂ ਦਾ ਸ਼ਰਧਾਲੂ ਬਣ ਗਿਆ। ਇਸ ਗਾਥਾ ਤੋਂ ਪਤਾ ਲੱਗਦਾ ਹੈ ਕਿ ਗੁਰੂ ਜੀ ਨੇ ਸ਼ੂਦਰਾਂ ਨੂੰ ਧਾਰਮਕ ਗ੍ਰੰਥ ਪੜ੍ਹਾਉਣ ਦੇ ਰਾਹ ਤੋਰਿਆ, ਜਿਨ੍ਹਾਂ ਨੂੰ ਬ੍ਰਾਹਮਣਾਂ ਨੇ ਇਹਦੀ ਸਿੱਖਿਆ ਲੈਣ ਤੋਂ ਵਰਜਿਆ ਹੋਇਆ ਸੀ। ਅਸਲ ਵਿਚ ਗੁਰੂ ਜੀ ਨੇ ਪੰਡਿਤ ਦੀ ਹਉਮੈ ਦੂਰ ਕਰਨ ਲਈ ਹੀ ਇਹ ਜੁਗਤ ਵਰਤੀ ਸੀ। ਇਹ ਹਉਮੈ ਹੀ ਹੈ, ਜੋ ਇਨਸਾਨ ਦੀ ਅਕਲ ਤੇ ਪਰਦਾ ਪਾ ਕੇ ਰੱਖਦੀ ਹੈ ਤੇ ਹਉਮੈ ਵਿੱਚ ਗ੍ਰਸਤ ਵਿਅਕਤੀ ਨੂੰ ਬਾਕੀ ਦੇ ਲੋਕੀਂ ਕੀੜੇ-ਮਕੌੜੇ ਹੀ ਲੱਗਦੇ ਹਨ। ਗੁਰਬਾਣੀ ਵਿਚ ਕਈ ਥਾਵਾਂ ਤੇ ਹਉਮੈ ਵਿੱਚ ਫਸੇ ਵਿਅਕਤੀਆਂ, ਜਿਨ੍ਹਾਂ ਵਿਚ ਦੇਵੀ ਦੇਵਤੇ ਵੀ ਸ਼ਾਮਲ ਹਨ, ਨੂੰ ਸ਼ਬਦ ਦੀ ਚੋਟ ਨਾਲ ਮਨਮੁਖ ਤੋਂ ਗੁਰਮੁਖ ਬਣਦੇ ਵੀ ਵਿਖਾਇਆ ਗਿਆ ਹੈ। ਅਜਿਹੀਆਂ ਪੰਕਤੀਆਂ ਵਿੱਚੋਂ ਦੋ ਉਦਾਹਰਣਾਂ ਪੇਸ਼ ਹਨ:

ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਭੁਲੇ ਹਉਮੈ ਮੋਹੁ ਵਧਾਇਆ॥ ਪੰਡਿਤ ਪੜਿ ਪੜਿ ਮੋਨੀ ਭੁਲੇ ਦੂਜੈ ਭਾਇ ਚਿਤੁ ਲਾਇਆ॥
ਜੋਗੀ ਜੰਗਮ ਸੰਨਿਆਸੀ ਭੁਲੇ ਵਿਣੁ ਗੁਰ ਤਤੁ ਨ ਪਾਇਆ॥ ਮਨਮੁਖ ਦੁਖੀਏ ਸਦਾ ਭ੍ਰਮਿ ਭੁਲੇ ਤਿਨ੍ਹੀ ਬਿਰਥਾ ਜਨਮੁ ਗਵਾਇਆ॥
(ਬਿਲਾਵਲ ਕੀ ਵਾਰ, ਪੰਨਾ ੮੫੨)

ਹਉਮੈ ਮਾਇਆ ਮੋਹਣੀ ਦੂਜੈ ਲਗੈ ਜਾਇ॥
ਨਾ ਇਹ ਮਾਰੀ ਨਾ ਮਰੈ ਨਾ ਇਹ ਹਟਿ ਵਿਕਾਇ॥
ਗੁਰ ਕੈ ਸਬਦਿ ਪਰਜਾਲੀਐ ਤਾ ਇਹ ਵਿਚਹੁ ਜਾਇ॥
ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ॥
ਨਾਨਕ ਮਾਇਆ ਕਾ ਮਾਰਣੁ ਸਬਦੁ ਹੈ ਗੁਰਮੁਖਿ ਪਾਇਆ ਜਾਇ॥
(ਬਿਲਾਵਲ ਕੀ ਵਾਰ, ਪੰਨਾ ੮੫੩)

ਇਤਿਹਾਸ ਵਿੱਚ ਜ਼ਿਕਰ ਆਉਂਦਾ ਹੈ ਕਿ ਜਦੋਂ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਿਰਜਣਾ (1699 ਈ.) ਕੀਤੀ ਸੀ ਤਾਂ ਇਸ ਲਾਲਚੰਦ ਨਾਂ ਦੇ ਪੰਡਿਤ ਨੇ ਵੀ ਅੰਮ੍ਰਿਤ ਛਕਿਆ ਸੀ ਤੇ ਲਾਲ ਸਿੰਘ ਬਣ ਗਿਆ ਸੀ। ਪਿੱਛੋਂ ਉਹਨੇ ਕਈ ਜੰਗਾਂ ਵਿੱਚ ਵੀ ਜੌਹਰ ਵਿਖਾਏ ਸਨ।

ਕੁਝ ਨਾਸਤਕ ਲੋਕੀਂ ਅਜਿਹੀਆਂ ਗਾਥਾਵਾਂ ਨੂੰ ਕਲਪਿਤ ਅਤੇ ਗ਼ੈਰਵਿਗਿਆਨਕ ਮੰਨ ਕੇ ਮਜ਼ਾਕ ਉਡਾਉਂਦੇ ਮਿਲ ਜਾਂਦੇ ਹਨ। ਪਰ ਸਿੱਖ ਗੁਰੂਆਂ ਦੇ ਸਮੇਂ ਦੇ ਨਾਲ-ਨਾਲ ਮੌਜੂਦਾ ਸਮੇਂ ਵਿਚ ਵੀ ਅਜਿਹੀਆਂ ਅਣਗਿਣਤ ਉਦਾਹਰਣਾਂ ਮਿਲ ਜਾਂਦੀਆਂ ਹਨ, ਜਿਨ੍ਹਾਂ ਵਿਚ ਕ੍ਰਿਸ਼ਮੇ ਤੇ ਚਮਤਕਾਰ ਵਿਖਾਈ ਦਿੰਦੇ ਹਨ। ਜ਼ਿਆਦਾ ਦੂਰ ਨਾ ਜਾਈਏ, ਇੱਕ ਵਿਗਿਆਨੀ ਵਾਸੂ ਭਾਰਦਵਾਜ, ਜਿਸ ਨੂੰ ਬਲੱਡ ਕੈਂਸਰ ਸੀ ਤੇ ਡਾਕਟਰਾਂ ਨੇ ਉਸ ਨੂੰ ਜਵਾਬ ਦੇ ਦਿੱਤਾ ਸੀ, ਹਰਿਮੰਦਰ ਸਾਹਿਬ ਡੈੱਥ ਬੈੱਡ ਤੇ ਲੇਟਿਆ ਹੋਇਆ ਪਹੁੰਚਿਆ। ਇੱਥੇ ਉਸ ਨੇ ਅਖੰਡ ਪਾਠ ਰਖਵਾਇਆ ਹੋਇਆ ਸੀ। ਉਸ ਨੇ ਇਹ ਗਾਥਾ ਪੀਟੀਸੀ ਚੈਨਲ ਤੇ ਗਿਆਨੀ ਸੰਤ ਸਿੰਘ ਮਸਕੀਨ ਦੀ ਹਾਜ਼ਰੀ ਵਿੱਚ ਆਪ ਸੁਣਾਈ ਸੀ ਕਿ ਸੁਖਮਨੀ ਸਾਹਿਬ ਦਾ ਪਾਠ ਸੁਣਨ ਨਾਲ ਉਸ ਦੀ ਕੈਂਸਰ ਦੀ ਰਸੌਲੀ ਠੀਕ ਹੋ ਗਈ ਅਤੇ ਡਾਕਟਰ ਉਸ ਦੀ ਚੈੱਕਅੱਪ ਕਰਕੇ ਹੈਰਾਨ ਰਹਿ ਗਏ ਸਨ। ਛੱਜੂ ਝਿਉਰ ਤੇ ਵੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਦ੍ਰਿਸ਼ਟੀ ਦੀ ਅਜਿਹੀ ਹੀ ਕਿਰਪਾ ਹੋਈ ਸੀ। ਅਜਿਹੇ ਮੂੜ, ਮੁਗਧ ਪ੍ਰਾਣੀਆਂ ਦੇ ਚਤੁਰ ਤੇ ਸੁਜਾਨ ਬਣਨ ਬਾਰੇ ਬਹੁਤ ਸਾਰੇ ਗੁਰ-ਵਾਕ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ:

ਪਿੰਗੁਲ ਪਰਬਤ ਪਾਰਿ ਪਰੇ ਖਲ ਚਤੁਰ ਬਕੀਤਾ॥
ਅੰਧੁਲੇ ਤ੍ਰਿਭਵਣ ਸੂਝਿਆ ਗੁਰ ਭੇਟਿ ਪੁਨੀਤਾ॥
ਮਹਿਮਾ ਸਾਧੂ ਸੰਗ ਕੀ ਸੁਨਹੁ ਮੇਰੇ ਮੀਤਾ॥
ਮੈਲੁ ਖੋਈ ਕੋਟਿ ਅਘ ਹਰੇ ਨਿਰਮਲ ਭਏ ਚੀਤਾ॥
(ਪੰਨਾ ੮੦੯)

ਸੁਨਿ ਅੰਧਾ ਕੈਸੇ ਮਾਰਗਿ ਪਾਵੈ॥
ਕਰੁ ਗਹਿ ਲੇਹੁ ਓੜਿ ਨਿਬਹਾਵੈ॥
ਕਹਾ ਬੁਝਾਰਤਿ ਬੂਝੈ ਡੋਰਾ॥
ਨਿਸਿ ਕਹੀਐ ਤਉ ਸਮਝੈ ਭੋਰਾ॥
ਕਹਾ ਬਿਸਨਪਦ ਗਾਵੈ ਗੁੰਗ॥
ਜਤਨ ਕਰੈ ਤਉ ਭੀ ਸੁਰ ਭੰਗ॥
ਕਹ ਪਿੰਗੁਲ ਪਰਬਤ ਪਰ ਭਵਨ॥
ਨਹੀ ਹੋਤ ਊਹਾ ਉਸੁ ਗਵਨ॥
ਕਰਤਾਰ ਕਰੁਣਾਮੈ ਦੀਨੁ ਬੇਨਤੀ ਕਰੈ॥
ਨਾਨਕ ਤੁਮਰੀ ਕਿਰਪਾ ਤਰੈ॥
(ਗਉੜੀ ਸੁਖਮਨੀ ਮ: ੫, ਚੌਥੀ ਅਸਟਪਦੀ, ਛੇਵੀਂ ਪਉੜੀ, ਪੰਨਾ ੨੬੭)

ਦਿੱਲੀ ਪੁੱਜ ਕੇ ਗੁਰੂ ਜੀ, ਜਿੱਥੇ ਅੱਜਕੱਲ੍ਹ ਗੁਰਦੁਆਰਾ ਬੰਗਲਾ ਸਾਹਿਬ ਹੈ, ਉਸ ਸਥਾਨ ਤੇ ਠਹਿਰੇ। ਅਸਲ ਵਿਚ ਇਹ ਥਾਂ ਰਾਜਾ ਜੈ ਸਿੰਘ ਦਾ ਬੰਗਲਾ ਸੀ। ਇੱਥੇ ਹਰ ਰੋਜ਼ ਦਿੱਲੀ ਦੀ ਸੰਗਤ ਗੁਰੂ ਜੀ ਦੇ ਦਰਸ਼ਨਾਂ ਲਈ ਆਉਂਦੀ ਅਤੇ ਸਤਿਸੰਗ ਵਿੱਚ ਹਾਜ਼ਰੀ ਭਰਦੀ। ਦਿੱਲੀ ਪੁੱਜ ਕੇ ਵੀ ਜਦੋਂ ਗੁਰੂ ਜੀ ਨੇ ਔਰੰਗਜ਼ੇਬ ਨੂੰ ਦਰਸ਼ਨ ਦੇਣ ਤੋਂ ਇਨਕਾਰ ਕਰ ਦਿੱਤਾ ਤਾਂ ਔਰੰਗਜ਼ੇਬ ਨੇ ਆਪਣੇ ਪੁੱਤਰ ਮੁਅੱਜ਼ਮ ਨੂੰ ਗੁਰੂ ਜੀ ਕੋਲ ਭੇਜਿਆ। ਗੁਰੂ ਜੀ ਨੇ ਉਸ ਨੂੰ ਆਤਮਕ ਉਪਦੇਸ਼ ਦੇ ਕੇ ਨਿਹਾਲ ਕੀਤਾ। ਜਦੋਂ ਮੁਅੱਜ਼ਮ ਨੇ ਰਾਮ ਰਾਏ ਨੂੰ ਗੱਦੀ ਨਾ ਦਿੱਤੇ ਜਾਣ ਦੀ ਗੱਲ ਕੀਤੀ ਤਾਂ ਗੁਰੂ ਜੀ ਨੇ ਸਪਸ਼ਟ ਕੀਤਾ ਕਿ ਗੁਰਗੱਦੀ ਕੋਈ ਵਿਰਾਸਤ ਜਾਂ ਜੱਦੀ ਮਲਕੀਅਤ ਨਹੀਂ ਹੈ। ਰਾਮ ਰਾਏ ਨੇ ਗੁਰਬਾਣੀ ਦੀ ਪੰਕਤੀ ਬਦਲ ਦਿੱਤੀ, ਤਾਂ ਗੁਰੂ-ਪਿਤਾ ਨੇ ਉਸ ਨੂੰ ਤਿਆਗ ਦਿੱਤਾ। ਸ਼ਹਿਜ਼ਾਦਾ ਮੁਅੱਜ਼ਮ ਤੋਂ ਗੁਰੂ ਜੀ ਦੇ ਆਤਮਕ ਤੇ ਰੂਹਾਨੀ ਗਿਆਨ ਬਾਰੇ ਸੁਣ ਕੇ ਔਰੰਗਜ਼ੇਬ ਵੀ ਗੁਰੂ ਜੀ ਦੀ ਦੂਰ-ਦ੍ਰਿਸ਼ਟੀ ਤੇ ਸਪਸ਼ਟਤਾ ਦਾ ਕਾਇਲ ਹੋ ਗਿਆ। ਉਹਨੇ ਰਾਜਾ ਜੈ ਸਿੰਘ ਨੂੰ ਗੁਰੂ ਜੀ ਦੀ ਪਰਖ ਕਰਨ ਲਈ ਕਿਹਾ। ਰਾਜਾ ਜੈ ਸਿੰਘ ਗੁਰੂ ਜੀ ਨੂੰ ਆਪਣੇ ਮਹਿਲ ਵਿਚ ਲਿਆਇਆ, ਜਿੱਥੇ ਸਾਰੀਆਂ ਰਾਣੀਆਂ ਨੇ ਗੋਲੀਆਂ ਵਰਗੇ ਬਸਤਰ ਪਹਿਨੇ ਹੋਏ ਸਨ। ਗੁਰੂ ਜੀ ਨੇ ਆਪਣੀ ਛੜੀ 'ਪਟਰਾਣੀ' ਦੇ ਸਿਰ ਤੇ ਰੱਖ ਕੇ ਉਸ ਦੀ ਪਛਾਣ ਕੀਤੀ।

ਉਨ੍ਹੀਂ ਦਿਨੀਂ ਦਿੱਲੀ ਵਿੱਚ ਚੇਚਕ ਦੀ ਮਹਾਂਮਾਰੀ ਫੈਲ ਗਈ। ਗੁਰੂ ਜੀ ਨੇ ਦੀਨ-ਦੁਖੀਆਂ ਅਤੇ ਰੋਗੀਆਂ ਦੀ ਬਿਨਾਂ ਕਿਸੇ ਵਿਤਕਰੇ ਤੋਂ ਆਪਣੇ ਹੱਥੀਂ ਸੇਵਾ ਕੀਤੀ।

ਗੁਰੂ ਜੀ ਨੇ ਸੰਗਤਾਂ ਦੇ ਦਸਵੰਧ ਤੇ ਭੇਟਾ ਨੂੰ ਸੇਵਾ ਹਿਤ ਲਾ ਦਿੱਤਾ। ਗੁਰੂ ਜੀ ਦੇ ਦਰਸ਼ਨ ਕਰਨ ਨਾਲ ਰੋਗੀਆਂ ਦੇ ਸਰੀਰਕ ਤੇ ਮਾਨਸਿਕ ਰੋਗ ਦੂਰ ਹੋਣ ਲੱਗੇ। ਇਸੇ ਲਈ ਤਾਂ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਦੇ ਪ੍ਰਥਾਇ ਇਹ ਆਖਿਆ ਹੈ- ਸ੍ਰੀ ਹਰਿਕ੍ਰਿਸ਼ਨ ਧਿਆਇਐ ਜਿਸ ਡਿਠੈ ਸਭਿ ਦੁਖਿ ਜਾਏ। ਇਵੇਂ ਹੀ ਰੋਗੀਆਂ ਦੀ ਸੇਵਾ ਕਰਦਿਆਂ ਉਹ ਆਪ ਵੀ ਇਸ ਬਿਮਾਰੀ ਦੀ ਲਪੇਟ ਵਿਚ ਆ ਗਏ। ਉਨ੍ਹਾਂ ਨੂੰ ਤੇਜ਼ ਬੁਖਾਰ ਹੋ ਗਿਆ ਅਤੇ ਸਰੀਰ ਉੱਤੇ ਚੇਚਕ ਦੇ ਲੱਛਣ ਵਿਖਾਈ ਦੇਣ ਲੱਗੇ। ਆਪਣਾ ਆਖ਼ਰੀ ਸਮਾਂ ਵੇਖ ਕੇ ਆਪ ਨੇ ਸੰਗਤਾਂ ਨੂੰ ਅਗਲੇ ਗੁਰੂ ਬਾਰੇ ਦੱਸਿਆ- "ਬਾਬਾ ਬਕਾਲੇ", ਜਿਸ ਦਾ ਭਾਵ ਸੀ ਕਿ ਅਗਲੇ ਗੁਰੂ ਪਿੰਡ ਬਕਾਲੇ ਵਿੱਚ ਹਨ, ਜੋ ਰਿਸ਼ਤੇ ਵਿੱਚ ਉਨ੍ਹਾਂ ਦੇ ਬਾਬਾ, ਭਾਵ ਦਾਦਾ ਜੀ ਲੱਗਦੇ ਹਨ। ਆਪ 1664 ਈ. ਵਿੱਚ ਦਿੱਲੀ ਵਿਖੇ ਹੀ ਜੋਤੀ ਜੋਤਿ ਸਮਾ ਗਏ। ਆਪ ਦਾ ਸਸਕਾਰ ਯਮਨਾ ਨਦੀ ਦੇ ਕਿਨਾਰੇ ਕੀਤਾ ਗਿਆ, ਜਿੱਥੇ ਅੱਜਕੱਲ੍ਹ ਗੁਰਦੁਆਰਾ ਬਾਲਾ ਸਾਹਿਬ ਸੁਸ਼ੋਭਿਤ ਹੈ।

ਅੱਜ ਦੇ ਆਪੋ-ਧਾਪੀ ਦੇ ਯੁੱਗ ਵਿੱਚ ਮਨੁੱਖ ਦੀ ਸੋਚ ਬੜੀ ਸੰਕੀਰਣ ਹੋ ਗਈ ਹੈ। ਉਹ ਆਪਣੀ ਤਰੱਕੀ, ਖ਼ੁਸ਼ਹਾਲੀ, ਅਹੁਦੇ ਦੇ ਮਾਇਆ ਜਾਲ ਵਿਚ ਇੰਨੀ ਬੁਰੀ ਤਰ੍ਹਾਂ ਧਸ ਚੁੱਕਾ ਹੈ ਕਿ ਉਸ ਨੂੰ ਧਰਮ ਦੀ ਮੂਲ ਭਾਵਨਾ ਦੇ ਅਰਥ ਹੀ ਭੁੱਲ ਗਏ ਹਨ। ਇਨਸਾਨੀਅਤ ਦਾ ਜਜ਼ਬਾ ਨਸ਼ਟ ਹੋ ਗਿਆ ਹੈ। ਨਿਮਾਣੇ ਨਿਤਾਣੇ ਦੀ ਮਦਦ ਕਰਨੀ ਉਸ ਨੂੰ ਭਾਉਂਦੀ ਨਹੀਂ। ਕਈ ਵਾਰੀ ਆਪਣੇ ਫ਼ਾਇਦੇ ਲਈ ਉਹ ਬਹੁਤ ਸਾਰੇ ਅਜਿਹੇ ਕਾਰੇ ਵੀ ਕਰ ਜਾਂਦਾ ਹੈ, ਜਿਸ ਨਾਲ ਹੋਰਨਾਂ ਲੋਕਾਂ ਨੂੰ ਭਾਰੀ ਕਸ਼ਟ ਸਹਾਰਨੇ ਪੈਂਦੇ ਹਨ। ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਅਤੇ ਕਾਰਜਾਂ ਤੋਂ ਸਾਨੂੰ ਸੇਧ ਲੈਣ ਦੀ ਲੋੜ ਹੈ, ਜਿਨ੍ਹਾਂ ਨੇ ਬਿਨਾਂ ਕਿਸੇ ਜਾਤ-ਪਾਤ, ਊਚ-ਨੀਚ, ਅਮੀਰ-ਗ਼ਰੀਬ, ਛੂਤ-ਛਾਤ ਦੇ ਵਿਤਕਰੇ ਤੋਂ ਮਨੁੱਖਤਾ ਦੀ ਭਲਾਈ ਲਈ ਕਾਰਜ ਕੀਤੇ। ਗੁਰੂ ਸਾਹਿਬ ਦੀ ਸੇਵਾ ਅਤੇ ਭਗਤੀ ਦੇ ਸੰਕਲਪ ਨੂੰ ਆਪਣੇ ਜੀਵਨ ਵਿੱਚ ਢਾਲ ਕੇ ਅਸੀਂ ਇੱਕ ਅਜਿਹੇ ਸਮਾਜ ਦਾ ਨਵ-ਨਿਰਮਾਣ ਕਰ ਸਕਦੇ ਹਾਂ, ਜਿੱਥੇ ਘਿਰਣਾ, ਨਫ਼ਰਤ, ਹਉਮੈ ਅਤੇ ਸੌੜੇ ਹਿੱਤਾਂ ਨੂੰ ਤਿਆਗ ਕੇ ਸਰਬੱਤ ਦੇ ਭਲੇ ਲਈ ਕੰਮ ਕੀਤਾ ਜਾਵੇ।

ਪੰਜਾਬੀ ਕਵੀ ਬਾਬੂ ਫ਼ਿਰੋਜ਼ਦੀਨ ਸ਼ਰਫ਼ ਦੀਆਂ ਇਨ੍ਹਾਂ ਕਾਵਿ ਪੰਕਤੀਆਂ ਨਾਲ ਮੈਂ ਆਪਣੇ ਵਿਚਾਰਾਂ ਨੂੰ ਸਮੇਟਦਾ ਹਾਂ:

ਗੱਲਾਂ ਵੱਡੀਆਂ ਵੱਡੀਆਂ ਉਮਰ ਛੋਟੀ
ਨਾਫ਼ੇ* ਵਾਂਗ ਖ਼ੁਸ਼ਬੋ ਖਿਲਾਰ ਦਿੱਤੀ।
ਚਾਰ ਚੰਦ ਗੁਰਿਆਈ ਨੂੰ ਲਾਏ ਸੋਹਣੇ
ਸਿੱਖ ਪੰਥ ਦੀ ਸ਼ਾਨ ਸੰਵਾਰ ਦਿੱਤੀ।
ਜਿਧਰ ਨਿਗ੍ਹਾ ਪਵਿੱਤਰ ਦੇ ਬਾਣ ਛੱਡੇ
ਉਸੇ ਪਾਸਿਓਂ ਫ਼ਤਿਹ ਕਰਤਾਰ ਦਿੱਤੀ।
ਗੀਤਾ ਅਰਥ ਸੁਣਵਾ ਕਹਾਰ ਕੋਲੋਂ
ਪੰਡਿਤ ਹੋਰਾਂ ਦੀ ਤੇਹ ਉਤਾਰ ਦਿੱਤੀ।
(ਨਾਫ਼ਾ : ਮਿਰਗ/ਹਿਰਨ ਦੀ ਨਾਭੀ ਵਿੱਚ ਪਈ ਕਸਤੂਰੀ) *